## ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ

ਮਿਤੀ: 04.09.2024

ਮੀਮੋ ਨੰ::Transfer Cell/2024/322388/1407

ਜਨਤਕ ਸੂਚਨਾਂ

1.0 ਪੰਜਾਬ ਸਰਕਾਰ, ਸਿੱਖਿਆ ਵਿਭਾਗ ਦੇ ਪੱਤਰ ਨੰ 11/35/2018-1edu6/1508658, ਮਿਤੀ 25.06.2019 ਰਾਹੀਂ ਅਧਿਆਪਕਾਂ ਦੀ Teachers Transfer Policy-2019 ਜਾਰੀ ਕੀਤੀ ਗਈ ਸੀ ਅਤੇ ਉਸ ਉਪਰੰਤ ਸਮੇਂ ਸਮੇਂ ਤੇ ਸੋਧਾਂ ਜਾਰੀ ਕੀਤੀਆਂ ਗਈਆਂ ਹਨ।

2.0 ਸਾਲ 2024 ਵਿੱਚ ਆਮ ਬਦਲੀਆਂ ਦੌਰਾਨ ਪੋਰਟਲ ਰਾਹੀਂ ਜੋ ਅਧਿਆਪਕ/ਕੰਪਿਊਟਰ ਫੈਕਲਟੀ/ਕਰਮਚਾਰੀ ਜਿਲ੍ਹੇ ਦੇ ਅੰਦਰ (Within District), ਜਿਲ੍ਹੇ ਤੋਂ ਬਾਹਰ (Inter District) ਅਤੇ ਆਪਸੀ (Mutual) ਬਦਲੀ ਕਰਵਾਉਣ ਵਿੱਚ ਸਫਲ ਹੋ ਗਏ ਹਨ ਉਹਨਾਂ ਦੀ ਬਦਲੀ ਦੇ ਹੁਕਮ ਉਹਨਾਂ ਦੀ ਈ-ਪੰਜਾਬ ਆਈ.ਡੀ ਤੇ ਕ੍ਰਮਵਾਰ ਮਿਤੀ 29.08.2024, 31.08.2024 ਅਤੇ 03.09.2024 ਨੂੰ ਅਪਲੋਡ ਕਰ ਦਿੱਤੇ ਗਏ ਹਨ।

3.0 ਵਿਭਾਗ ਵਲੋਂ ਬਦਲੀਆਂ ਦੇ ਅਗਲੇ ਗੇੜ ਦੌਰਾਨ, 2392 ਮਾਸਟਰ ਕਾਡਰ ਅਤੇ 569 ਲੈਕਚਰਾਰ ਕਾਡਰ ਜਿੰਨਾਂ ਦਾ ਪ੍ਰੋਬੇਸਨ ਪੀਰੀਅਡ 31 ਅਗਸਤ 2024 ਤੱਕ ਪੂਰਾ ਹੋ ਚੁੱਕਾ ਹੈ, ਨੂੰ ਬਦਲੀ ਕਰਵਾਉਣ ਲਈ ਮੌਕਾ ਦਿੱਤਾ ਜਾਂਦਾ ਹੈ।

4.0 ਲੜੀ ਨੰ:3 ਅਨੁਸਾਰ ਜਿਹੜੇ ਅਧਿਆਪਕ/ਲੈਕਚਰਾਰ ਜੋ ਬਦਲੀ ਕਰਵਾਉਣਾ ਚਾਹੁੰਦੇ ਹਨ ਉਹ ਈ ਪੰਜਾਬ ਪੋਰਟਲ ਤੇ ਲਾਗ ਇਨ ਕਰਕੇ ਬਦਲੀ ਲਈ General Details, Results, Service Record **ਮਿਤੀ 04.09.2024** ਨੂੰ ਭਰ ਸਕਦੇ ਹਨ।

5.0 ਦਰਖਾਸਤ ਕਰਤਾਵਾਂ ਵਲੋਂ ਬਦਲੀ ਲਈ ਬੇਨਤੀ ਕਰਦੇ ਸਮੇਂ ਜੋ ਡਾਟਾ ਭਰਿਆ ਜਾਣਾ ਹੈ ਉਸ ਦੀ ਤਸਦੀਕ ਸਕੂਲ ਮੁੱਖੀ/ਡੀ.ਡੀ.ਓ ਵਲੋਂ ਮਿਤੀ 05.09.2024 ਨੂੰ ਕੀਤੀ ਜਾਣੀ ਹੈ। ਇਸ ਮੰਤਵ ਲਈ ਸਕੂਲ ਮੁੱਖੀ/ਡੀ.ਡੀ.ਓ ਈ ਪੰਜਾਬ ਪੋਰਟਲ ਤੇ ਲਾਗ ਇਨ ਕਰਕੇ Staff Menu ਵਿੱਚ ਦਿੱਤੇ ਲਿੰਕ Transfer and Verification ਤੇ ਜਾ ਕੇ ਦਰਖਾਸਤਕਰਤਾ ਵਲੋਂ ਭਰੇ ਡਾਟਾ ਦੀ ਵੈਰੀਫੀਕੇਸਨ ਕਰਨਗੇ। ਵੈਰੀਫਿਕੇਸ਼ਨ ਉਪਰੰਤ ਜੇਕਰ ਰਿਕਾਰਡ ਅਨੁਸਾਰ ਬਿਨੈਕਾਰ ਦੇ ਡਾਟਾ ਵਿੱਚ ਕੋਈ ਤਰੁੱਟੀ ਪਾਈ ਜਾਂਦੀ ਹੈ ਤਾਂ ਸਕੂਲ ਮੁੱਖੀ/ਡੀ.ਡੀ.ਓ ਉਸ ਨੂੰ ਆਪਣੀ ਤਸੱਲੀ ਕਰਨ ਉਪਰੰਤ ਦਰੁੱਸਤ ਕਰਨਾ ਯਕੀਨੀ ਬਣਾਉਣਗੇ ਅਤੇ **ਇਹ ਵੀ ਯਕੀਨੀ ਬਣਾਉਣਗੇ ਕਿ ਅਪਲਾਈ ਕਰਨ ਵਾਲੇ ਅਧਿਆਪਕ/ਲੈਕਚਰਾਰ 2392 ਮਾਸਟਰ ਕਾਡਰ ਅਤੇ 569 ਲੈਕਚਰਾਰ ਕਾਡਰ ਨਾਲ ਹੀ ਸਬੰਧਤ ਹਨ।** ਸਕੂਲ ਮੁੱਖੀ/ਡੀ.ਡੀ.ਓ ਡਾਟਾ ਵੈਰੀਫਿਕੇਸਨ ਕਰਨ ਉਪਰੰਤ Approve ਦਾ ਬਟਨ ਦਬਾਉਣਗੇ।

6.0 ਕਈ ਸਕੂਲਾਂ/ਦਫਤਰਾਂ ਵਿੱਚ ਸਕੂਲ ਮੁੱਖੀ/ਡੀ.ਡੀ.ਓ ਨਹੀਂ ਹਨ, ਕਿਉਂਜੋ ਬਦਲੀਆਂ ਦਾ ਕੰਮ ਸਮਾਂ ਬੱਧ ਹੈ ਇਸ ਲਈ ਉਹਨਾਂ ਸਕੂਲਾਂ ਵਿੱਚ ਕੰਮ ਕਰ ਰਹੇ ਸੀਨੀਅਰ ਅਧਿਆਪਕ/ਕਰਮਚਾਰੀ ਬਦਲੀ ਅਪਲਾਈ ਕਰਨ ਵਾਲੇ ਦਰਖਾਸਤਕਰਤਾਵਾਂ ਦਾ ਡਾਟਾ ਕੇਵਲ ਬਦਲੀਆਂ ਦੇ ਮੰਤਵ ਲਈ ਵੈਰੀਫਾਈ ਕਰਨਾ ਯਕੀਨੀ ਬਣਾਉਣਗੇ।

7.0 ਜਿਹੜੇ ਅਧਿਆਪਕ/ਲੈਕਚਰਾਰ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾਂ ਉਹਨਾਂ ਨੂੰ ਬਦਲੀ ਵਾਲੇ ਸਟੇਸਨ ਭਾਵ ਜਿੱਥੇ ਬਦਲੀ ਹੋਈ ਹੈ, ਵਿਖੇ ਜੁਆਇੰਨ ਕਰਨਾ ਲਾਜਮੀ ਹੋਵੇਗਾ, ਕਿਸੇ ਵੀ ਹਾਲਤ ਵਿੱਚ ਬਦਲੀ ਰੱਦ ਨਹੀਂ ਕੀਤੀ ਜਾਵੇਗੀ।

8.0 ਜੇਕਰ ਕਿਸੇ ਅਧਿਆਪਕ/ਲੈਕਚਰਾਰ ਨੂੰ ਬਦਲੀ ਲਈ ਆਨਲਾਈਨ Station Choice ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿੰਨਾਂ ਦੀ ਫੋਨ ਨੰਬਰਾਂ ਦੀ ਸੂਚੀ epunjabschool portalਤੇ ਉਪਲਬਧ ਹੈ।

4.9.24

**ਸਹਾਇਕ ਡਾਇਰੈਕਟਰ (ਟਰਾਂਸਫਰ ਸੈੱਲ)**